# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :27-11-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਆਪਣੇ ਪੰਜਾਬ ਦੌਰੇ ਦੌਰਾਨ ਕਿਸਾਨਾਂ ਅਤੇ ਮਨਰੇਗਾ ਵਰਕਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਵੱਲੋਂ ਮੋਗਾ ਦੇ ਪਿੰਡ ਰਣਸੀਂਹ ਕਲਾਂ ਵੱਲੋਂ ਪਰਾਲੀ ਨਾ ਸਾੜਨ ਦੀ ਕੀਤੀ ਗਈ ਸ਼ਲਾਘਾ ।

- ਸੁਪਰੀਮ ਕੋਰਟ ਨੇ ਕੇਂਦਰ ਨੂੰ ਦਿਵਯਾਂਗਾਂ ਖਿਲਾਫ ਅਪਮਾਨਜਨਕ ਟਿੱਪਣੀਆਂ ਨਾਲ ਨਜਿੱਠਣ ਲਈ, ਸਖ਼ਤ ਕਾਨੂੰਨ ਬਣਾਉਣ 'ਤੇ ਵਿਚਾਰ ਕਰਨ ਲਈ ਕਿਹਾ ਏ ।

- ਪੰਜਾਬ ਦੇਸ਼ ਵਿੱਚ ਸੁਖਾਲੀ ਰਜਿਸਟਰੀ ਪ੍ਰਣਾਲੀ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣਿਆ ।

- ਬੀਤੇ ਦਿਨੀਂ ਫਿਰੋਜ਼ਪੁਰ ਵਿਚ ਆਰ.ਐਸ.ਐਸ. ਆਗੂ ਦੇ ਹੋਏ ਕਤਲ ਦਾ ਮੁੱਖ ਮੁਲਜ਼ਮ ਅੱਜ ਪੁਲਿਸ ਮੁਕਾਬਲੇ ਵਿਚ ਮਾਰਿਆ ਗਿਆ।

- ਜਲੰਧਰ ਵਿੱਚ ਇਕ ਨਾਬਾਲਗ ਲੜਕੀ ਦੇ ਜਿਨਸੀ ਸ਼ੋਸ਼ਣ ਤੇ ਕਤਲ ਦੇ ਮਾਮਲੇ ਵਿਚ ਅਣਗਹਿਲੀ ਵਰਤਣ ਲਈ ਏ.ਐਸ.ਆਈ. ਮੰਗਤ ਰਾਮ ਬਰਖਾਸਤ।

## <u>ਹੁਣ ਖਬਰਾਂ ਵਿਸਥਾਰ ਨਾਲ</u>

------------------------------------------------

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਪੰਜਾਬ ਦਾ ਦੌਰਾ ਕੀਤਾ। ਉਨ੍ਹਾਂ ਨੇ ਮੋਗਾ ਅਤੇ ਜਲੰਧਰ ਵਿੱਚ, ਕਿਸਾਨਾਂ ਅਤੇ ਮਨਰੇਗਾ ਵਰਕਰਾਂ ਨਾਲ ਗੱਲਬਾਤ ਕੀਤੀ | ਮੋਗਾ ਜ਼ਿਲ੍ਹੇ ਦੇ ਪਿੰਡ ਰਣਸੀਂਹ ਕਲਾਂ ਦੇ ਦੌਰੇ ਦੌਰਾਨ, ਉਨ੍ਹਾਂ ਨੇ ਪਿਛਲੇ ਛੇ ਸਾਲਾਂ ਤੋਂ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਉਹ ਪਿੰਡ ਦੀ ਇਸ ਪ੍ਰਾਪਤੀ ਨੂੰ ਦੇਸ਼ ਸਾਹਮਣੇ ਪੇਸ਼ ਕਰਨਗੇ ਤਾਂ ਜੋ ਹਰ ਕੋਈ ਇਸ ਤੋਂ ਸੇਧ ਲੈ ਸਕੇ।

BYTE

ਬਾਅਦ ਵਿੱਚ, ਉਨ੍ਹਾਂ ਨੇ ਜਲੰਧਰ 'ਚ ਮਨਰੇਗਾ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਕੇਂਦਰ ਸਰਕਾਰ ਤੇ ਸੂਬਾ ਸਰਕਾਰ ਦੇ ਅਧਿਕਾਰੀਆਂ ਨਾਲ ਦਿਹਾਤੀ ਵਿਕਾਸ ਮੰਤਰਾਲੇ ਦੀਆਂ ਵੱਖ-ਵੱਖ ਯੋਜਨਾਵਾਂ ਦੀ ਸਮੀਖਿਆ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ ਕੇਂਦਰ ਸਰਕਾਰ, ਪੰਜਾਬ ਵਿੱਚ ਹਰ ਉਸ ਗਰੀਬ ਵਿਅਕਤੀ ਨੂੰ ਇੱਕ ਘਰ ਦੇਵੇਗੀ, ਜਿਸ ਕੋਲ ਇਸ ਸਮੇਂ ਕੱਚਾ ਘਰ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਉਨ੍ਹਾਂ ਨੇ ਸੂਬਾ ਸਰਕਾਰ ਨੂੰ ਕੱਚੇ ਘਰ ਵਾਲਿਆਂ ਦੇ ਵੇਰਵੇ ਦੇਣ ਲਈ ਕਿਹਾ ਏ। ਉਨ੍ਹਾਂ ਕਿਹਾ ਕਿ ਕੇਂਦਰ ਨੇ ਗਰੀਬਾਂ ਨੂੰ ਘਰ ਮੁਹੱਈਆ ਕਰਵਾਉਣ ਲਈ ਕੁਝ ਨਿਯਮਾਂ ਵਿੱਚ ਬਦਲਾਅ ਵੀ ਕੀਤੇ ਨੇ।

BYTE

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਕੇਂਦਰ ਨੇ ਮਨਰੇਗਾ ਅਧੀਨ ਪਹਿਲਾਂ 6 ਹਜ਼ਾਰ ਕਰੋੜ ਰੁਪਏ ਅਤੇ ਇਸ ਸਾਲ ਮਨਰੇਗਾ ਵਰਕਰਾਂ ਨੂੰ ਕੰਮ ਦੇਣ ਲਈ, 542 ਕਰੋੜ ਰੁਪਏ ਜਾਰੀ ਕੀਤੇ ਨੇ ਅਤੇ ਉਨ੍ਹਾਂ ਦੇ ਕੰਮ ਕਰਨ ਦੇ ਦਿਨਾਂ ਨੂੰ 100 ਤੋਂ ਵਧਾ ਕੇ, 150 ਦਿਨ ਕਰ ਦਿੱਤਾ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਉਨ੍ਹਾਂ ਨੂੰ ਵਰਕਰਾਂ ਨੇ ਦੱਸਿਆ ਕਿ ਬਹੁਤ ਸਾਰੇ ਲੋਕਾਂ ਕੋਲ,

ਜਾਅਲੀ ਜੌਬ ਕਾਰਡ ਨੇ। ਉਨ੍ਹਾਂ ਨੇ ਸੂਬਾ ਸਰਕਾਰ ਨੂੰ ਇਸ ਸਬੰਧੀ ਜਾਂਚ ਕਰਨ ਦੀ ਬੇਨਤੀ ਕੀਤੀ ਏ।

BYTE

ਬਾਅਦ ਵਿੱਚ, ਸ਼੍ਰੀ ਚੌਹਾਨ ਨੇ ਜਲੰਧਰ ਦੇ ਬਾਦਸ਼ਾਹਪੁਰ ਵਿਖੇ, ਕੇਂਦਰੀ ਆਲੂ ਖੋਜ ਸੰਸਥਾਨ ਦੇ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ ।

-----------------------------------------------------------

ਸੁਪਰੀਮ ਕੋਰਟ ਨੇ ਕੇਂਦਰ ਨੂੰ ਦਿਵਯਾਂਗਾਂ ਖਿਲਾਫ ਅਪਮਾਨਜਨਕ ਟਿੱਪਣੀਆਂ ਨਾਲ ਨਜਿੱਠਣ ਲਈ, ਸਖ਼ਤ ਕਾਨੂੰਨ ਬਣਾਉਣ 'ਤੇ ਵਿਚਾਰ ਕਰਨ ਲਈ ਕਿਹਾ ਏ। ਸੁਪਰੀਮ ਕੋਰਟ ਨੇ ਅੱਜ ਕੇਂਦਰ ਨੂੰ ਦਿਵਯਾਂਗਾਂ ਅਤੇ ਦੁਰਲੱਭ ਜੈਨੇਟਿਕ ਵਿਕਾਰਾਂ ਵਾਲੇ ਵਿਅਕਤੀਆਂ ਦਾ ਮਜ਼ਾਕ ਉਡਾਉਣ ਵਾਲੀਆਂ ਅਪਮਾਨਜਨਕ ਟਿੱਪਣੀਆਂ ਨੂੰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਕਾਨੂੰਨ ਦੀ ਤਰਜ਼ 'ਤੇ ਸਜ਼ਾਯੋਗ ਅਪਰਾਧ ਬਣਾਉਣ ਲਈ, ਇੱਕ ਕਾਨੂੰਨ ਬਣਾਉਣ ਲਈ ਕਿਹਾ ਏ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਾ ਬਾਗਚੀ ਦੇ ਬੈਂਚ ਨੇ ਕਿਹਾ ਕਿ ਔਨਲਾਈਨ ਪਲੇਟਫਾਰਮਾਂ 'ਤੇ ਅਸ਼ਲੀਲ, ਇਤਰਾਜ਼ਯੋਗ ਅਤੇ ਗੈਰ-ਕਾਨੂੰਨੀ ਸਮੱਗਰੀ ਨੂੰ ਨਿਯਮਤ ਕਰਨ ਲਈ ਇੱਕ ਨਿਰਪੱਖ,

ਸੁਤੰਤਰ ਅਤੇ ਖੁਦਮੁਖਤਿਆਰ ਸੰਸਥਾ ਦੀ ਲੋੜ ਏ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਬੈਂਚ ਨੂੰ ਦੱਸਿਆ ਕਿ, ਸਰਕਾਰ ਕੁਝ ਦਿਸ਼ਾ-ਨਿਰਦੇਸ਼ ਬਣਾਉਣ 'ਤੇ ਵਿਚਾਰ ਕਰ ਰਹੀ ਏ। ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ, ਤੁਸ਼ਾਰ ਮਹਿਤਾ ਨੇ ਕਿਹਾ ਕਿ ਹਾਸਾ-ਮਜ਼ਾਕ ਕਿਸੇ ਦੀ ਇੱਜ਼ਤ ਦੀ ਕੀਮਤ 'ਤੇ ਨਹੀਂ ਹੋ ਸਕਦਾ।

-----------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਦੀ ਸਹੂਲਤ ਲਈ ਜ਼ਮੀਨ-ਜਾਇਦਾਦ ਲਈ ਈਜ਼ੀ ਰਜਿਸਟਰੀ ਯਾਨੀ ਸੁਖਾਲੀ ਰਜਿਸਟਰੀ ਨੂੰ ਲਾਗੂ ਕਰ ਦਿੱਤਾ ਏ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ, "ਸੁਖਾਲੀ ਰਜਿਸਟਰੀ" ਦੀ ਵਿਵਸਥਾ ਲਾਗੂ ਹੋ ਜਾਣ ਨਾਲ ਪੰਜਾਬ ਵਿੱਚ ਜਾਇਦਾਦ ਦੀ ਰਜਿਸਟ੍ਰੇਸ਼ਨ ਸੌਖੀ, ਤੇਜ਼ ਅਤੇ ਪਾਰਦਰਸ਼ਤਾ ਦੇ ਇਕ ਨਵੇਂ ਯੁੱਗ ਵਿੱਚ ਪ੍ਰਵੇਸ਼ ਕਰ ਗਈ ਏ। ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਨਾਗਰਿਕਾਂ ਲਈ ਬੇਲੋੜੀ ਦੇਰੀ ਅਤੇ ਖੱਜਲ ਖੁਆਰੀ ਨੂੰ ਖਤਮ ਕਰੇਗੀ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਏ ਜਦੋਂ ਕਿਸੇ ਸੂਬੇ ਨੇ ਜਾਇਦਾਦ ਰਜਿਸਟ੍ਰੇਸ਼ਨ ਨੂੰ ਸਰਲ ਬਣਾਉਣ ਵੱਲ ਅਜਿਹਾ ਕਦਮ ਚੁੱਕਿਆ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਤਹਿਤ ਇਕ ਜ਼ਿਲ੍ਹੇ ਦੇ ਅੰਦਰ ਕੋਈ ਵੀ ਸਬ-ਰਜਿਸਟਰਾਰ ਦਫਤਰ, ਉਸ ਜ਼ਿਲ੍ਹੇ

ਦੇ ਕਿਸੇ ਵੀ ਹੋਰ ਇਲਾਕੇ ਵਿੱਚ ਪੈਂਦੀ ਜਾਇਦਾਦਾਂ ਨੂੰ ਰਜਿਸਟਰ ਕਰਨ ਦੇ ਯੋਗ ਹੋਵੇਗਾ। ਨਾਗਰਿਕ ਹੁਣ 500 ਰੁਪਏ ਦੀ ਮਾਮੂਲੀ ਫੀਸ ਦੇ ਕੇ 'ਸੇਲ ਡੀਡ' ਆਨਲਾਈਨ ਜਾਂ ਸੇਵਾ ਕੇਂਦਰਾਂ ਰਾਹੀਂ ਤਿਆਰ ਕਰ ਸਕਦੇ ਨੇ।

---------------------------------------------------------

ਬੀਤੇ ਦਿਨੀਂ ਫ਼ਿਰੋਜ਼ਪੁਰ ਵਿੱਚ ਹੋਏ ਆਰ.ਐੱਸ.ਐੱਸ. ਆਗੂ ਨਵੀਨ ਅਰੋੜਾ ਦੇ ਕਤਲ ਦੇ ਮਾਮਲੇ ਦਾ ਮੁੱਖ ਮੁਲਜ਼ਮ ਬਾਦਲ ਫ਼ਾਜ਼ਿਲਕਾ ਵਿਖੇ ਹੋਏ ਮੁਕਾਬਲੇ ਦੌਰਾਨ ਮਾਰਿਆ ਗਿਆ ਏ। ਮੁਕਾਬਲੇ ਦੌਰਾਨ ਇੱਕ ਪੁਲਿਸ ਮੁਲਾਜ਼ਮ ਵੀ ਜ਼ਖਮੀ ਹੋ ਗਿਆ ਏ। ਪੁਲਿਸ ਮੁਲਜ਼ਮ ਨੂੰ ਹਥਿਆਰਾਂ ਦੀ ਬਰਾਮਦਗੀ ਲਈ ਫ਼ਾਜ਼ਿਲਕਾ ਲੈ ਕੇ ਆਈ ਸੀ, ਜਿੱਥੇ ਉਸ ਦੇ ਸਾਥੀਆਂ ਨੇ ਪੁਲਿਸ ਟੀਮ 'ਤੇ ਗੋਲੀਬਾਰੀ ਕਰ ਦਿੱਤੀ। ਵਧੇਰੇ ਜਾਣਕਾਰੀ ਦਿੰਦੇ ਹੋਏ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ

BYTE

ਜ਼ਖਮੀ ਪੁਲਿਸ ਮੁਲਾਜ਼ਮ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਏ।

---------------------------------------------------------------

ਜਲੰਧਰ ਦੇ ਪੁਲਿਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਵੱਲੋਂ ਬਸਤੀ ਬਾਵਾ ਖੇਲ ਵਿਚ ਨਾਬਾਲਿਗ ਲੜਕੀ ਨਾਲ ਜਿਨਸੀ ਸ਼ੋਸ਼ਣ ਤੇ ਕਤਲ ਦੇ ਮਾਮਲੇ ਵਿੱਚ ਅਣਗਹਿਲੀ ਕਰਨ ਵਾਲੇ A S I ਮੰਗਤ ਰਾਮ ਵਿਰੁੱਧ ਸਖਤ ਕਾਰਵਾਈ ਕਰਦੇ ਹੋਏ ਉਸ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਏ। ਇਸ ਤੋ ਇਲਾਵਾ ਦੋ ਪੀ ਸੀ ਆਰ ਦੇ ਪੁਲਿਸ ਮੁਲਾਜ਼ਮਾਂ ਨੂੰ ਮੁਅੱਤਲ ਕਰਕੇ ਉਹਨਾਂ ਖਿਲਾਫ ਵਿਭਾਗੀ ਕਾਰਵਾਈ ਕੀਤੀ ਜਾ ਰਹੀ ਏ। ਮਾਮਲੇ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਏ ਡੀ ਸੀ ਪੀ ਹਰਿੰਦਰ ਸਿੰਘ ਗਿੱਲ ਨੇ ਦੱਸਿਆ

Byte

ਇਹ ਕਦਮ ਘਟਨਾ ਦੀ ਗੰਭੀਰਤਾ ਅਤੇ ਜਾਂਚ ਪ੍ਰਕਿਰਿਆ ਦੌਰਾਨ ਸਾਹਮਣੇ ਆਈ ਲਾਪਰਵਾਹੀ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਪ੍ਰਭਾਵ ਨਾਲ ਚੁੱਕਿਆ ਗਿਆ ਏ। ਪੁਲਿਸ ਕਮਿਸ਼ਨਰ ਨੇ ਸਪਸ਼ਟ ਕਿਹਾ ਏ ਕਿ ਅਪਰਾਧਾਂ ਦੇ ਮਾਮਲਿਆਂ ਵਿੱਚ ਜ਼ਰਾ ਵੀ ਲਾਪਰਵਾਹੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

---------------------------------------------------------------

ਪੱਤਰ ਸੂਚਨਾ ਦਫ਼ਤਰ (ਪੀ.ਆਈ.ਬੀ.) ਜਲੰਧਰ ਵੱਲੋਂ ਅੱਜ ਮੋਗਾ ਵਿਖੇ

ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨੂੰ ਸਮਰਪਿਤ 'ਵਾਰਤਾਲਾਪ' ਮੀਡੀਆ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਮੋਗਾ ਦੇ ਪੱਤਰਕਾਰ ਸ਼ਾਮਲ ਹੋਏ। ਇਸ ਮੀਡੀਆ ਵਰਕਸ਼ਾਪ ਵਿੱਚ 'ਭਾਰਤ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ, ਨੀਤੀਆਂ ਅਤੇ ਪਹਿਲਕਦਮੀਆਂ ਦੀ ਮਹਿਲਾ ਸਸ਼ਕਤੀਕਰਨ ਵਿੱਚ ਭੂਮਿਕਾ' ਵਿਸ਼ੇ 'ਤੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਚਰਚਾ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਮੋਗਾ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਔਰਤਾਂ ਦੀ ਦੇਸ਼ ਦੀ ਤਰੱਕੀ ਵਿੱਚ ਵਿਸ਼ੇਸ਼ ਭੂਮਿਕਾ ਹੁੰਦੀ ਏ ਅਤੇ ਜੇਕਰ ਔਰਤਾਂ ਤਾਕਤਵਰ ਹੋਣਗੀਆਂ ਤਾਂ ਸਾਡਾ ਦੇਸ਼ ਹੋਰ ਵੀ ਤਰੱਕੀ ਕਰੇਗਾ। ਉਨ੍ਹਾਂ ਕਿਹਾ ਕਿ ਯੋਜਨਾਵਾਂ ਰਾਹੀਂ ਹਰ ਤਰੀਕੇ ਦਾ ਲਾਭ ਲੋਕਾਂ ਤੱਕ ਪਹੁੰਚਾਇਆ ਜਾ ਰਿਹਾਏ। ਉਨ੍ਹਾਂ ਕਿਹਾ

BYTE

---------------------------------------------------

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਆਪਣੇ ਪੰਜਾਬ ਦੌਰੇ ਦੌਰਾਨ ਕਿਸਾਨਾਂ ਅਤੇ ਮਨਰੇਗਾ ਵਰਕਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਵੱਲੋਂ ਮੋਗਾ ਦੇ ਪਿੰਡ ਰਣਸੀਂਹ ਕਲਾਂ ਵੱਲੋਂ ਪਰਾਲੀ ਨਾ ਸਾੜਨ ਦੀ ਕੀਤੀ ਗਈ ਸ਼ਲਾਘਾ ।

- ਸੁਪਰੀਮ ਕੋਰਟ ਨੇ ਕੇਂਦਰ ਨੂੰ ਦਿਵਯਾਂਗਾਂ ਖਿਲਾਫ ਅਪਮਾਨਜਨਕ ਟਿੱਪਣੀਆਂ ਨਾਲ ਨਜਿੱਠਣ ਲਈ, ਸਖ਼ਤ ਕਾਨੂੰਨ ਬਣਾਉਣ 'ਤੇ ਵਿਚਾਰ ਕਰਨ ਲਈ ਕਿਹਾ ਏ ।

- ਪੰਜਾਬ ਦੇਸ਼ ਵਿੱਚ ਸੁਖਾਲੀ ਰਜਿਸਟਰੀ ਪ੍ਰਣਾਲੀ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣਿਆ ।

- ਬੀਤੇ ਦਿਨੀਂ ਫਿਰੋਜ਼ਪੁਰ ਵਿਚ ਆਰ.ਐਸ.ਐਸ. ਆਗੂ ਦੇ ਹੋਏ ਕਤਲ ਦਾ ਮੁੱਖ ਮੁਲਜ਼ਮ ਅੱਜ ਪੁਲਿਸ ਮੁਕਾਬਲੇ ਵਿਚ ਮਾਰਿਆ ਗਿਆ ।

- ਜਲੰਧਰ ਵਿੱਚ ਇਕ ਨਾਬਾਲਗ ਲੜਕੀ ਦੇ ਜਿਨਸੀ ਸ਼ੋਸ਼ਣ ਤੇ ਕਤਲ ਦੇ ਮਾਮਲੇ ਵਿਚ ਅਣਗਹਿਲੀ ਵਰਤਣ ਲਈ ਏ.ਐਸ.ਆਈ. ਮੰਗਤ ਰਾਮ ਬਰਖਾਸਤ ।

------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ**

**ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**